# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 25-07-2025**

## ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ

- ਭਾਰਤ ਅਤੇ ਮਾਲਦੀਵ ਨੇ ਅੱਜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ ਵਿਚਕਾਰ ਮਾਲੇ ਵਿਖੇ ਵਫ਼ਦ ਪੱਧਰੀ ਗੱਲਬਾਤ ਤੋਂ ਬਾਅਦ ਕਈ ਸਮਝੌਤੇ ਕੀਤੇ ਨੇ.
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਪਹਿਲੀ ਵਾਰ, ਦੋ ਹਜ਼ਾਰ ਤੋਂ ਵੱਧ ਵਿਗਿਆਨੀਆਂ ਦੀ ਇੱਕ ਟੀਮ ਨੇ Vikasit Krishi Sankalp Abhiyan ਤਹਿਤ ਸੱਤ ਹਜ਼ਾਰ 900 ਤੋਂ ਵੱਧ ਪਿੰਡਾਂ ਦਾ ਦੌਰਾ ਕੀਤਾ ।

- ਜ਼ਿਲਾ ਗੁਰਦਾਸਪੁਰ ਦੀ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਿਲ ਕਰਦਿਆਂ ਦੋ ਨੌਜਵਾਨਾਂ ਨੂੰ ਚਾਰ ਪਿਸਤੋਲਾਂ, ਸੱਤ ਮੈਗਜ਼ੀਨ ਅਤੇ 52 ਰੌਂਦਾ ਸਮੇਤ ਗ੍ਰਿਫਤਾਰ ਕੀਤਾ ਗਿਆ ਏ।
- ਮਾਨਸਾ ਪੁਲੀਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੱਖ-ਵੱਖ ਮਾਮਲਿਆਂ ’ਚ ਛੇ ਵਿਅਕਤੀਆਂ ਨੂੰ 270 ਗ੍ਰਾਮ ਹੈਰੋਇਨ, 2 ਹਜ਼ਾਰ 550 ਨਸ਼ੀਲੀਆਂ ਗੋਲੀਆਂ, ਅਤੇ ਨਸ਼ੀਲੇ ਪਦਾਰਥਾਂ ਦੀਆਂ 255 ਸ਼ੀਸ਼ੀਆਂ ਸਮੇਤ ਕਾਬੂ ਕੀਤਾ ਏ |
- ਭਾਰਤ ਅਤੇ ਇੰਗਲੈਂਡ ਦਰਮਿਆਨ Manchester ਵਿੱਚ, Old Trafford ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਚੌਥੇ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਜਾਰੀ ਏ।

**ਹੁਣ ਖ਼ਬਰਾਂ ਵਿਸਥਾਰ ਨਾਲ....**

ਭਾਰਤ ਅਤੇ ਮਾਲਦੀਵ ਨੇ ਅੱਜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ ਵਿਚਕਾਰ ਮਾਲੇ ਵਿਖੇ ਵਫ਼ਦ ਪੱਧਰੀ ਗੱਲਬਾਤ ਤੋਂ ਬਾਅਦ ਕਈ ਸਮਝੌਤੇ ਕੀਤੇ ਨੇ. ਗੱਲਬਾਤ ਤੋਂ ਬਾਅਦ ਆਪਣੇ ਪ੍ਰੈਸ ਬਿਆਨ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ

ਰਾਸ਼ਟਰਪਤੀ ਅਤੇ ਮਾਲਦੀਵ ਦੇ ਲੋਕਾਂ ਨੂੰ ਆਜ਼ਾਦੀ ਦੀ ਇਤਿਹਾਸਕ 60ਵੀਂ ਵਰ੍ਹੇਗੰਢ 'ਤੇ ਵਧਾਈਆਂ ਦਿੱਤੀਆਂ

**Byte**

ਭਾਰਤ ਅਤੇ ਮਾਲਦੀਵ ਦਰਮਿਆਨ ਹੋਈ ਵਫਦ ਪਧਰੀ ਗੱਲਬਾਤ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ, ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਸਮੇਤ ਦੋਵਾਂ ਦੇਸ਼ਾਂ ਦੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਏ। ਵਫ਼ਦ-ਪੱਧਰੀ ਗੱਲਬਾਤ ਤੋਂ ਪਹਿਲਾਂ, ਪ੍ਰਧਾਨ ਮੰਤਰੀ ਮੋਦੀ ਅਤੇ ਰਾਸ਼ਟਰਪਤੀ ਮੁਈਜ਼ੂ ਨੇ ਆਪਸੀ ਹਿੱਤਾਂ ਦੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕਰਨ ਲਈ, ਇੱਕ ਦੁਵੱਲੀ ਮੀਟਿੰਗ ਕੀਤੀ। ਇਸ ਤੋਂ ਪਹਿਲਾਂ ਦਿਨ ਵਿੱਚ, ਮਾਲੇ ਦੇ Republic Square ਵਿਖੇ |

---------------------------------------------------------

ਪ੍ਰਧਾਨ ਮੰਤਰੀ ਮੋਦੀ ਨੂੰ ਰਾਸ਼ਟਰਪਤੀ ਮੁਈਜ਼ੂ ਦੀ ਮੌਜੂਦਗੀ 'ਚ Guard of Honour ਪ੍ਰਦਾਨ ਕੀਤਾ ਗਿਆ। ਆਪਣੇ

ਸਵਾਗਤ ਸਮੇਂ, ਪ੍ਰਧਾਨ ਮੰਤਰੀ ਮੋਦੀ ਨੇ ਮਾਲਦੀਵ ਦੇ delegates ਨਾਲ ਗੱਲਬਾਤ ਕੀਤੀ, ਜਦੋਂ ਕਿ ਰਾਸ਼ਟਰਪਤੀ ਮੁਈਜ਼ੂ ਨੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਅਤੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਸਮੇਤ ਭਾਰਤੀ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ 21 ਤੋਪਾਂ ਦੀ ਸਲਾਮੀ ਦਿੱਤੀ ਗਈ ਅਤੇ ਮਾਲਦੀਵ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਬਾਅਦ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਰਾਸ਼ਟਰਪਤੀ ਦਫ਼ਤਰ ਵਿਖੇ ਵਿਜ਼ਟਰ ਬੁੱਕ 'ਤੇ ਦਸਤਖਤ ਕੀਤੇ ।

-----------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਪਹਿਲੀ ਵਾਰ, ਦੋ ਹਜ਼ਾਰ ਤੋਂ ਵੱਧ ਵਿਗਿਆਨੀਆਂ ਦੀ ਇੱਕ ਟੀਮ ਨੇ Vikasit Krishi Sankalp Abhiyan ਤਹਿਤ ਸੱਤ ਹਜ਼ਾਰ 900 ਤੋਂ ਵੱਧ ਪਿੰਡਾਂ ਦਾ ਦੌਰਾ ਕੀਤਾ। ਰਾਜ ਸਭਾ ਵਿੱਚ ਇੱਕ ਸਵਾਲ ਦੇ ਜਵਾਬ ਵਿੱਚ, ਸ਼੍ਰੀ ਚੌਹਾਨ ਨੇ ਕਿਹਾ ਕਿ ਵਿਗਿਆਨੀਆਂ ਨੇ ਹਰੇਕ ਪਿੰਡ ਦੀਆਂ ਖੇਤੀਬਾੜੀ-ਜਲਵਾਯੂ

ਸਥਿਤੀਆਂ ਬਾਰੇ ਵੇਰਵੇ ਸਹਿਤ ਜਾਣਕਾਰੀ ਇਕੱਤਰ ਕੀਤੀ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ, ਕਿਸਾਨਾਂ ਨੂੰ ਮਿੱਟੀ ਦੇ ਪੌਸ਼ਟਿਕ ਤੱਤਾਂ, ਢੁਕਵੀਆਂ ਬੀਜ ਕਿਸਮਾਂ ਅਤੇ ਖੇਤੀ ਲਈ ਫਸਲਾਂ ਦੀ ਕਾਸ਼ਤ ਤਕਨੀਕਾਂ ਬਾਰੇ ਜਾਗਰੂਕ ਕੀਤਾ ਗਿਆ -

**Byte**

---------------------------------------------------------

ਜ਼ਿਲਾ ਗੁਰਦਾਸਪੁਰ ਦੀ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਿਲ ਕਰਦਿਆਂ, ਥਾਣਾ ਘੁੰਮਣ ਕਲਾ ਦੀ ਪੁਲਿਸ ਅਤੇ CIA ਸਟਾਫ਼ ਦੀ ਸਾਂਝੀ ਕੋਸ਼ਿਸ਼ ਤੋਂ ਬਾਅਦ ਦੋ ਨੌਜਵਾਨਾਂ ਨੂੰ ਚਾਰ ਪਿਸਤੋਲਾਂ, ਸੱਤ ਮੈਗਜ਼ੀਨ ਅਤੇ 52 ਰੋਂਦਾ ਸਮੇਤ ਗ੍ਰਿਫਤਾਰ ਕੀਤਾ ਗਿਆ ਏ । ਇਹ ਪਿਸਤੋਲਾਂ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਲਈ ਵਰਤੀਆਂ ਜਾਣੀਆਂ ਸਨ. ਪਰ ਪੁਲਿਸ ਫਿਲਹਾਲ ਇਸ ਦੀ ਜਾਂਚ ਕਰ ਰਹੀ ਏ ਕਿ ਗਿਰਫਤਾਰ ਕੀਤੇ ਗਏ ਨੌਜਵਾਨ ਕਿਸੇ ਗੈਂਗ ਨਾਲ ਸੰਬੰਧ ਰੱਖਦੇ ਹਨ ਜਾਂ ਫੇਰ ਪਿਸਤੋਲਾ ਰੱਖਣ ਦਾ ਕੋਈ ਹੋਰ ਕਾਰਨ ਏ। SSP ਆਦਿਤਿਆ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਨੌਜਵਾਨਾਂ ਦੀ

ਪਛਾਣ ਬੌਬੀ ਵਾਸੀ ਮਜੀਠਾ ਅਤੇ ਰਿਸ਼ਭ ਉਰਫ਼ ਰਿਸ਼ੂ ਵਾਸੀ ਸੁਲਤਾਨ-ਵਿੰਡ ਵਜੋਂ ਹੋਈ ਏ । SSP ਨੇ ਦੱਸਿਆ ਕਿ ਫਿਲਹਾਲ ਇਹ ਪੜਤਾਲ ਕੀਤੀ ਜਾ ਰਹੀ ਏ ਕਿ ਇਹ ਦੋਨੋਂ ਕਿਸੇ ਗੈਂਗ ਨਾਲ ਸੰਬੰਧ ਰੱਖਦੇ ਨੇ ਜਾਂ ਨਹੀਂ-

**Byte**

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਦੀ 27 ਤਰੀਕ ਨੂੰ ਸਵੇਰੇ 11 ਵਜੇ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਆਪਣੇ ਰੇਡੀਓ ਪ੍ਰੋਗ੍ਰਾਮ ਮਨ ਕੀ ਬਾਤ ਦੇ 124 ਵੇਂ ਐਪੀਸੋਡ 'ਚ ਦੇਸ਼ ਵਿਦੇਸ਼ ਚ ਲੋਕਾਂ ਨੂੰ ਸੰਬੋਧਨ ਕਰਨਗੇ | 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ,ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ

ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

----------------------------------------------------

ਡੇਂਗੂ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ, ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਖੰਨਾ ਦੇ ਆਜ਼ਾਦ ਨਗਰ ਅਤੇ ਨਰੋਤਮ ਨਗਰ ਵਿਖੇ ਸਿਹਤ ਵਿਭਾਗ ਦੀ ਟੀਮ ਨਾਲ ਲੋਕਾਂ ਦੇ ਘਰਾਂ ਵਿੱਚ ਮੱਛਰ ਦਾ ਲਾਰਵਾ ਚੈਕ ਕਰਨ ਪਹੁੰਚੇ। ਇਸ ਮੌਕੇ ਸਿਹਤ ਮੰਤਰੀ ਨੇ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਸਮੇਤ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਸਕੂਲਾਂ ਤੇ ਕਾਲਜਾਂ ਦੇ ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰਾਂ ਦੇ ਸਹਿਯੋਗ ਨਾਲ ਡੇਂਗੂ ਦੇ ਹਾਟ-ਸਪਾਟ ਇਲਾਕਿਆਂ ਦੀ ਜਾਂਚ ਕੀਤੀ ਅਤੇ ਮੌਕੇ 'ਤੇ ਲਾਰਵੇ ਨੂੰ ਨਸ਼ਟ ਕਰਵਾਇਆ। ਸਿਹਤ ਮੰਤਰੀ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਘਰ-ਘਰ ਜਾ ਕੇ ਲੋਕ ਸੇਵਾ ਅਤੇ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਜਾਰੀ ਏ. ਉਹਨਾਂ ਕਿਹਾ ਕਿ ਰੰਗਲਾ ਪੰਜਾਬ ਬਨਾਉਣ ਦਾ ਸੁਪਨਾ ਸਾਕਾਰ ਕਰਦੇ ਹੋਏ ਪੰਜਾਬ ਨੂੰ ਨਸ਼ਾ ਮੁਕਤ, ਡੇਂਗੂ

ਮੁਕਤ ਅਤੇ ਹੋਰ ਬੀਮਾਰਿਆਂ ਤੋਂ ਮੁਕਤ ਕਰਕੇ ਤੰਦਰੁਸਤ ਤੇ ਖੁਸ਼ਹਾਲ ਪੰਜਾਬ ਬਣਾਇਆ ਜਾਵੇਗਾ। ਉਹਨਾਂ ਲੋਕਾਂ ਨੂੰ ਮੱਛਰਾਂ ਦੀ ਪੈਦਾਇਸ਼ ਰੋਕਣ ਲਈ ਆਪਣੇ ਘਰਾਂ ਦੀਆਂ ਛੱਤਾਂ ਜਾਂ ਵਿਹੜੇ ਵਿੱਚ ਪਏ ਕਬਾੜ ਆਦਿ ਸਮਾਨ ਵਿੱਚ ਪਾਣੀ ਜਮਾਂ ਨਾ ਹੋਣ ਦੇਣ ਬਾਰੇ ਜਾਗਰੂਕ ਕੀਤਾ। ਉਹਨਾਂ ਕਿਹਾ ਕਿ ਸਿਹਤ ਵਿਭਾਗ ਡੇਂਗੂ ਦੇ ਪਸਾਰ ਨੂੰ ਰੋਕਣ ਲਈ ਪੂਰੀ ਤਰ੍ਹਾਂ ਚੌਕਸ ਏ।

------------------------------------------------------------

ਮਾਨਸਾ ਪੁਲੀਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੱਖ-ਵੱਖ ਮਾਮਲਿਆਂ ’ਚ ਛੇ ਵਿਅਕਤੀਆਂ ਨੂੰ 270 ਗ੍ਰਾਮ ਹੈਰੋਇਨ, 2 ਹਜ਼ਾਰ 550 ਨਸ਼ੀਲੀਆਂ ਗੋਲੀਆਂ, ਅਤੇ ਨਸ਼ੀਲੇ ਪਦਾਰਥਾਂ ਦੀਆਂ 255 ਸ਼ੀਸ਼ੀਆਂ ਸਮੇਤ ਕਾਬੂ ਕੀਤਾ ਏ. ਸੀਨੀਅਰ ਪੁਲੀਸ ਕਪਤਾਨ ਭਾਗੀਰਥ ਸਿੰਘ ਮੀਨਾ ਨੇ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੁਲੀਸ ਪਾਰਟੀ ਵੱਲੋਂ ਪਿੰਡ ਜਸੜਵਾਲ ਵਿਖੇ ਗਸ਼ਤ ਦੌਰਾਨ ਇੱਕ ਸ਼ੱਕੀ ਵਾਹਨ ਨੂੰ ਰੋਕਕੇ ਉਸ ਵਿਚ ਵਿੱਚ ਬੈਠੇ ਦੋ ਵਿਅਕਤੀਆਂ ਨੂੰ ਕਾਬੂ ਕੀਤਾ, ਜਿੰਨ੍ਹਾ

ਪਾਸੋ 270 ਗ੍ਰਾਮ ਹੈਰੋਇਨ ਬਰਾਮਦ ਹੋਈ ਏ. ਉਨ੍ਹਾਂ ਦੱਸਿਆ ਕਿ ਇੱਕ ਹੋਰ ਵੱਖਰੇ ਮਾਮਲੇ ’ਚ ਪੁਲੀਸ ਪਾਰਟੀ ਵੱਲੋਂ ਗਸ਼ਤ ਦੌਰਾਨ ਝਿੜੀ ਬਾਬਾ ਜੋਗੀਪੀਰ ਪਿੰਡ ਰੱਲਾ ਵਿਖੇ ਖੜ੍ਹੇ ਇੱਕ ਸ਼ੱਕੀ ਵਾਹਨ ਤੋਂ 4 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀਆਂ ਪਾਸੋਂ 2 ਹਜ਼ਾਰ 550 ਨਸ਼ੀਲੀਆਂ ਗੋਲੀਆਂ ਕੇਰੀਸੋਮਾ, ਤੇ ਨਸ਼ੀਲੇ ਪਦਾਰਥਾਂ ਦੀਆਂ 255 ਸ਼ੀਸ਼ੀਆਂ ਬਰਾਮਦ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਫੜ੍ਹੇ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਮੁਕੱਦਮੇ ਦੀ ਤਫਤੀਸ਼ ਨਾਲ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਏ।

---------------------------------------------------------------

ਬਟਾਲਾ ਦੇ ਉਮਰਪੁਰਾ ਇਲਾਕੇ ਦੇ ਵਿੱਚ ਸੜਕ ਤੋਂ ਲੰਘ ਰਹੀ ਗੈਸ ਪਾਈਪ ਫਟ ਗਈ ਜਿਸ ਕਰਕੇ ਚਾਰ ਲੋਕ ਗੰਭੀਰ ਜ਼ਖਮੀ ਹੋ ਗਏ ਨੇ . ਜ਼ਖਮੀਆਂ ਨੂੰ ਬਟਾਲਾ ਦੇ ਸਰਕਾਰੀ ਹਸਪਤਾਲ ਦਾਖਿਲ ਕਰਾਇਆ ਗਿਆ. ਇਹ ਹਾਦਸਾ ਇੰਟਰਨੈਟ ਦੀ ਤਾਰ ਪਾਉਂਦੇ ਹੋਇਆ ਵਾਪਰਿਆ ਤੇ ਦੁਕਾਨ ਦੇ ਅੰਦਰ ਬੈਠੇ ਚਾਰ ਲੋਕ ਅੱਗ ਲੱਗਣ ਕਰਕੇ ਝੁਲਸ ਗਏ.

ਜ਼ਖਮੀਆਂ ਅਤੇ ਓਹਨਾਂ ਦੇ ਪਰਿਵਾਰਿਕ ਮੈਂਬਰਾਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਕੋਈ ਇੰਟਰਨੈਟ ਦੀ ਤਾਰ ਜ਼ਮੀਨ ਦੇ ਥੱਲੇ ਪੈ ਰਹੀ ਸੀ ਤੇ ਜਦੋਂ ਤਾਰ ਪੈਂਦਿਆਂ ਗੈਸ ਪਾਈਪ ਨੂੰ ਉਹ ਤਾਰ ਲੱਗੀ ਤਾਂ ਗੈਸ ਪਾਈਪ ਫਟ ਗਈ ਤੇ ਇੱਕਦਮ ਗੈਸ ਲੀਕ ਹੋਣ ਲੱਗੀ ਜਿਸ ਨਾਲ ਦੁਕਾਨ 'ਚ ਅੱਗ ਲਗ ਗਈ. ਜ਼ਖਮੀਆਂ 'ਚ ਇੱਕ ਬੱਚਾ ਵੀ ਸ਼ਾਮਿਲ ਏ.

-------------------------------------------------------

ਜਲੰਧਰ ਦੇ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਵੱਲੋਂ ਭਾਰਤੀ ਨਾਗਰਿਕ SURAKSHA ਸੰਹਿਤਾ-2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ, ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਆਉਂਦੇ ਇਲਾਕੇ ਵਿੱਚ (Pregabalin) ਕੈਪਸੂਲ ਬਿਨਾਂ ਲਾਇਸੈਂਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ ਜਾਂ ਵੇਚਣ, ਬਿਨਾਂ ਬਿੱਲ ਅਤੇ ਰਿਕਾਰਡ ਦੇ ਖ਼ਰੀਦਣ ਜਾਂ ਵੇਚਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਨੇ.

-------------------------------------------------------

ਭਾਰਤ ਅਤੇ ਇੰਗਲੈਂਡ ਦਰਮਿਆਨ Manchester ਵਿੱਚ, Old

Trafford ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਚੌਥੇ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਜਾਰੀ ਏ। ਆਖਰੀ ਖਬਰਾਂ ਮਿਲਣ ਸਮੇਂ ਤੱਕ ਇੰਗਲੈਂਡ ਨੇ 3  ਵਿਕਟਾਂ ਦੇ ਨੁਕਸਾਨ 'ਤੇ 348 ਦੌੜਾਂ ਬਣਾ ਲਈਆਂ ਸਨ। ਇਸ ਤੋਂ ਪਹਿਲਾਂ ਅੱਜ ਮੇਜ਼ਬਾਨ ਇੰਗਲੈਂਡ ਨੇ ਆਪਣੀ ਪਾਰੀ, ਦੋ ਵਿਕਟਾਂ 'ਤੇ 225 ਦੌੜਾਂ ਦੇ ਰਾਤ ਦੇ ਸਕੋਰ ਤੋਂ ਮੁੜ ਸ਼ੁਰੂ ਕੀਤੀ। ਭਾਰਤ ਕੱਲ੍ਹ ਆਪਣੀ ਪਹਿਲੀ ਪਾਰੀ ਵਿੱਚ, 358 ਦੌੜਾਂ ਬਣਾ ਕੇ ਆਊਟ ਹੋ ਗਿਆ। ਇਸ ਸਮੇਂ ਭਾਰਤੀ ਟੀਮ, ਪੰਜ ਮੈਚਾਂ ਦੀ ਲੜੀ ਵਿੱਚ 1-2 ਨਾਲ ਪਿੱਛੇ ਏ।

-------------------------------------------------------

- ਭਾਰਤ ਅਤੇ ਮਾਲਦੀਵ ਨੇ ਅੱਜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ ਵਿਚਕਾਰ ਮਾਲੇ ਵਿਖੇ ਵਫ਼ਦ ਪੱਧਰੀ ਗੱਲਬਾਤ ਤੋਂ ਬਾਅਦ ਕਈ ਸਮਝੌਤੇ ਕੀਤੇ ਨੇ.
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਪਹਿਲੀ ਵਾਰ, ਦੋ ਹਜ਼ਾਰ ਤੋਂ ਵੱਧ

ਵਿਗਿਆਨੀਆਂ ਦੀ ਇੱਕ ਟੀਮ ਨੇ Vikasit Krishi Sankalp Abhiyan ਤਹਿਤ ਸੱਤ ਹਜ਼ਾਰ 900 ਤੋਂ ਵੱਧ ਪਿੰਡਾਂ ਦਾ ਦੌਰਾ ਕੀਤਾ।

- ਜ਼ਿਲਾ ਗੁਰਦਾਸਪੁਰ ਦੀ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਿਲ ਕਰਦਿਆਂ ਦੋ ਨੌਜਵਾਨਾਂ ਨੂੰ ਚਾਰ ਪਿਸਤੌਲਾਂ, ਸੱਤ ਮੈਗਜ਼ੀਨ ਅਤੇ 52 ਰੌਂਦਾ ਸਮੇਤ ਗ੍ਰਿਫਤਾਰ ਕੀਤਾ ਗਿਆ ਏ।
- ਮਾਨਸਾ ਪੁਲੀਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੱਖ-ਵੱਖ ਮਾਮਲਿਆਂ ’ਚ ਛੇ ਵਿਅਕਤੀਆਂ ਨੂੰ 270 ਗ੍ਰਾਮ ਹੈਰੋਇਨ, 2 ਹਜ਼ਾਰ 550 ਨਸ਼ੀਲੀਆਂ ਗੋਲੀਆਂ, ਅਤੇ ਨਸ਼ੀਲੇ ਪਦਾਰਥਾਂ ਦੀਆਂ 255 ਸ਼ੀਸ਼ੀਆਂ ਸਮੇਤ ਕਾਬੂ ਕੀਤਾ ਏ |
- ਭਾਰਤ ਅਤੇ ਇੰਗਲੈਂਡ ਦਰਮਿਆਨ Manchester ਵਿੱਚ, Old Trafford ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਚੌਥੇ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਜਾਰੀ ਏ।